# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com


Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਗੁਰਦੁਆਰਾ ਗੁਰੂ ਨਾਨਕ ਦਰਬਾਰ, ਮੌਂਟਰੀਅਲ (ਕੈਨੇਡਾ) ਵਿਖੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਦੀ ਪੁਸਤਕ "ਸਿੱਦਕੀ ਤੇ ਸੰਘਰਸ਼ੀ" ਹੋਈ ਰਿਲੀਜ਼

ਵਰਲਡ ਪੰਜਾਬੀ ਟਾਈਮਜ਼ ਰਸ਼ਪਿੰਦਰ ਕੌਰ ਗਿੱਲ




ਮੌਂਟਰੀਅਲ (ਕੈਨੇਡਾ), 1 ਜੁਲਾਈ : ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਸਮੂਹ ਕੌਮੀ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਮਹੀਨਾਵਾਰੀ ਪੰਥਕ ਸਮਾਗਮ ਗੁਰਦੁਆਰਾ ਗੁਰੂ ਨਾਨਕ ਦਰਬਾਰ, ਮੌਂਟਰੀਅਲ (ਕੈਨੇਡਾ) ਵਿਖੇ ਸ਼ਰਧਾ ਅਤੇ ਚੜ੍ਹਦੀਕਲਾ ਨਾਲ ਆਯੋਜਿਤ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਸ੍ਰੀ ਚੌਪਈ ਸਾਹਿਬ ਜੀ ਦੇ ਜਾਪ ਨਾਲ ਹੋਈ। ਉਪਰੰਤ ਸਮੂਹ ਸੰਗਤ ਵੱਲੋਂ ਬੰਦੀ ਸਿੰਘਾਂ ਦੀ ਜਲਦ ਰਿਹਾਈ, ਪੰਥਕ ਏਕਤਾ, ਸਰਬੱਤ ਦੇ ਭਲੇ ਅਤੇ ਖਾਲਸਾ ਪੰਥ ਦੀ ਚੜ੍ਹਦੀਕਲਾ ਲਈ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ।

ਇਸ ਮੌਕੇ ਪੰਥਕ ਲੇਖਕ ਅਤੇ ਸੰਘਰਸ਼ਸ਼ੀਲ ਸਿੱਖ ਸ਼ਖਸੀਅਤ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ (ਯੂ.ਕੇ.) ਦੀ ਨਵੀਂ ਪੁਸਤਕ "ਸਿੱਦਕੀ ਤੇ ਸੰਘਰਸ਼ੀ" ਨੂੰ ਪੰਥਕ ਸ਼ਖਸੀਅਤਾਂ ਵੱਲੋਂ ਸੰਗਤਾਂ ਦੀ ਹਾਜ਼ਰੀ ਵਿੱਚ ਰਿਲੀਜ਼ ਕੀਤਾ ਗਿਆ।




ਬੁਲਾਰਿਆਂ ਨੇ ਕਿਹਾ ਕਿ ਇਹ ਪੁਸਤਕ ਸਿੱਖ ਕੌਮ ਦੇ ਸਿਦਕ, ਸੰਘਰਸ਼ ਅਤੇ ਸ਼ਹਾਦਤਾਂ ਦੇ ਇਤਿਹਾਸ ਨੂੰ ਸਮਰਪਿਤ ਇੱਕ ਮਹੱਤਵਪੂਰਨ ਸਾਹਿਤਕ ਯੋਗਦਾਨ ਹੈ, ਜੋ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ, ਇਤਿਹਾਸ ਅਤੇ ਪੰਥਕ ਸੰਘਰਸ਼ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਇਸ ਪੁਸਤਕ ਦੀ ਸੰਪਾਦਕ ਰਸ਼ਪਿੰਦਰ ਕੌਰ ਗਿੱਲ ਹਨ ਅਤੇ ਇਸ ਨੂੰ ਪੀਂਘਾਂ ਸੋਚ ਦੀਆਂ ਪਬਲੀਕੇਸ਼ਨ, ਅੰਮ੍ਰਿਤਸਰ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਦੀਆਂ ਪੁਸਤਕਾਂ "ਸੰਘਰਸ਼ ਦਾ ਦੌਰ" ਅਤੇ "ਸਿੱਦਕੀ ਤੇ ਸੰਘਰਸ਼ੀ" ਵਿੱਚ 1984 ਤੋਂ ਲੈ ਕੇ ਹੁਣ ਤੱਕ ਸ਼ਹੀਦ ਹੋਏ ਜੁਝਾਰੂ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਸੰਘਰਸ਼ ਅਤੇ ਕੁਰਬਾਨੀਆਂ ਨੂੰ ਦਰਸਾਇਆ ਗਿਆ ਹੈ।

ਲੇਖਕ ਅਨੁਸਾਰ, ਇਹ ਪੁਸਤਕਾਂ ਭਾਰਤ ਸਟੇਟ ਲਈ ਵਿਵਾਦ ਦਾ ਵਿਸ਼ਾ ਵੀ ਬਣੀਆਂ ਹਨ ਅਤੇ ਦਾਅਵਾ ਕੀਤਾ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੈਮੀਨਾਰਾਂ ਵਿੱਚ ਇਨ੍ਹਾਂ ਦੀ ਵੰਡ ਉੱਤੇ ਪਾਬੰਦੀ ਵੀ ਲਗਾਈ ਗਈ ਹੈ।

ਸਮਾਗਮ ਦੇ ਅੰਤ ਵਿੱਚ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ ਕਿ ਸਮੂਹ ਸ਼ਹੀਦਾਂ ਦੀ ਸੋਚ ਅਤੇ ਕੁਰਬਾਨੀਆਂ ਤੋਂ ਪ੍ਰੇਰਣਾ ਲੈ ਕੇ ਖਾਲਸਾ ਪੰਥ ਹਮੇਸ਼ਾਂ ਚੜ੍ਹਦੀਕਲਾ ਵਿੱਚ ਰਹੇ।

ਇਸ ਮੌਕੇ ਭਾਈ ਜਸਵਿੰਦਰ ਸਿੰਘ (ਮੁੱਖ ਸੇਵਾਦਾਰ), ਭਾਈ ਬਲਰਾਜ ਸਿੰਘ, ਭਾਈ ਸੁਖਵਿੰਦਰ ਸਿੰਘ ਥਾਂਧੀ, ਭਾਈ ਪ੍ਰਦੀਪ ਸਿੰਘ, ਭਾਈ ਸੰਦੀਪ ਸਿੰਘ, ਭਾਈ ਜਸਪਾਲ ਸਿੰਘ, ਭਾਈ ਹਰਪਿੰਦਰ ਸਿੰਘ, ਸਰਦਾਰ ਭੁਪਿੰਦਰ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਮਨਦੀਪ ਸਿੰਘ, ਚਰਨਜੀਤ ਸਿੰਘ ਸੁੱਜੋਂ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

## ਤਾਜ ਪਬਲਿਕ ਸਕੂਲ ਜੰਡ ਸਾਹਿਬ 'ਚ ਇੱਕ ਰੋਜ਼ਾ ਵਰਕਸ਼ਾਪ ਲਾਈ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਫਰੀਦਕੋਟ, 1 ਜੁਲਾਈ : ਤਾਜ ਪਬਲਿਕ ਸਕੂਲ ਜੰਡ ਸਾਹਿਬ ਵਿਖੇ ਮਿਤੀ 29 ਜੂਨ 2026 ਨੂੰ ਇੱਕ ਰੋਜਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਰਾਹੀਂ ਐਨ.ਈ.ਪੀ. ਐਂਡ ਕਲਾਸ ਰੂਮ ਮਨੇਜਮੈਂਟ ਤੇ ਮੈਡਮ ਹਰਸਿਮਰਨਜੀਤ ਕੌਰ ਵੱਲੋਂ ਅਧਿਆਪਕਾਂ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਸਮਝਾਇਆ ਗਿਆ। ਇਸ ਵਰਕਸ਼ਾਪ ਵਿੱਚ ਮੈਡਮ ਹਰਸਿਮਰਨਜੀਤ ਕੌਰ ਵੱਲੋਂ ਦੱਸਿਆ ਗਿਆ ਕਿ ਕਲਾਸ ਵਿੱਚ ਇਸ ਤਰ੍ਹਾਂ ਦਾ ਮਾਹੌਲ ਬਣਾ ਕੇ ਰੱਖਣਾ ਚਾਹੀਦਾ ਹੈ ਜਿਸ ਨਾਲ ਬੱਚਿਆ ਨੂੰ ਸੰਭਾਲਣਾ ਅਤੇ ਉਹਨਾਂ ਦੀ ਪੜਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਸਕੇ ਤਾਂ ਜੋ ਇਹਨਾਂ ਬੱਚਿਆਂ ਦਾ ਆਉਣ ਵਾਲਾ ਭਵਿੱਖ ਹੋਰ ਉਜਾਗਰ ਹੋ ਸਕੇ, ਇਸ ਬਾਰੇ ਚਰਚਾ ਕੀਤੀ ਗਈ। ਇਸ ਵਰਕਸ਼ਾਪ ਵਿੱਚ ਅਧਿਆਪਕਾਂ ਵੱਲੋਂ ਭਰਮਾ ਹੁੰਗਾਰਾ ਮਿਲਿਆ। ਅਧਿਆਪਕਾਂ ਵੱਲੋਂ ਮੈਡਮ ਹਰਸਿਮਰਨਜੀਤ ਕੌਰ ਦੇ ਦਿੱਤੇ ਗਏ ਇਸ ਭਾਸ਼ਣ ਦਾ ਵੱਧ ਵੱਧ ਲਾਭ ਉਠਾਇਆ ਅਤੇ ਆਪਣੀ ਕਲਾਸ ਵਿੱਚ ਇਹ ਨਿਯਮ ਲਾਗੂ ਕਰਨ ਦਾ ਪ੍ਰਣ ਕੀਤਾ। ਇਸ ਦੇ ਨਾਲ ਹੀ ਅਧਿਆਪਕਾਂ ਵਿਚਕਾਰ ਪੜਾਈ ਨਾਲ ਸੰਬੰਧਤ, ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਜਿਸ ਵਿੱਚ ਅਧਿਆਪਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਸਮੇਂ ਸਕੂਲ ਦੇ ਚੇਅਰਮੈਨ ਸ. ਹਰਪ੍ਰੀਤ ਸਿੰਘ ਸੰਧੂ, ਸ. ਜਗਮੀਤ ਸਿੰਘ ਸੰਧੂ, ਮੈਡਮ ਰਮਨਦੀਪ ਕੌਰ ਸੰਧੂ, ਮੈਡਮ ਸ਼ਮਨਪ੍ਰੀਤ ਕੌਰ , ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ, ਅਤੇ ਸਮੂਹ ਸਟਾਫ ਵੀ ਹਾਜ਼ਰ ਸੀ।

## ਜਿਲਾ ਵਿਕਾਸ ਤਾਲਮੇਲ ਅਤੇ ਮੋਨੀਟਰਿੰਗ ਕਮੇਟੀ (ਦਿਸ਼ਾ) ਦੀ ਮੀਟਿੰਗ ਹੋਈ

### ਸਰਕਾਰੀ ਸਕੀਮਾਂ ਦਾ ਲਾਭ ਹਰ ਵਰਗ ਤੱਕ ਪਹੁੰਚਾਇਆ ਜਾਵੇ : ਐੱਮ.ਪੀ. ਸਰਬਜੀਤ ਸਿੰਘ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 1 ਜੁਲਾਈ : ਜਿਲ੍ਹਾ ਵਿਕਾਸ ਤਾਲਮੇਲ ਅਤੇ ਮੋਨੇਟਰਿੰਗ ਕਮੇਟੀ (ਦਿਸ਼ਾ) ਦੀ ਮੀਟਿੰਗ ਮੈਂਬਰ ਲੋਕ ਸਭਾ ਸਰਬਜੀਤ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ ਵੱਖ ਲੋਕ ਭਲਾਈ ਸਕੀਮਾਂ/ਯੋਜਨਾਵਾਂ, ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ ਅਤੇ ਪ੍ਰਾਪਤ ਕੀਤੇ ਟੀਚਿਆਂ ਬਾਰੇ ਵੀ ਵਿਸਥਾਰ ਚਰਚਾ ਹੋਈ। ਇਸ ਮੌਕੇ ਐਮ.ਪੀ. ਸ. ਸਰਬਜੀਤ ਸਿੰਘ ਖਾਲਸਾ ਨੇ ਮਗਨਰੇਗਾ ਤਹਿਤ ਜਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਦੀਨ ਦਿਆਲ ਅਨਤੋਦਿਆ ਯੋਜਨਾ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ, ਪ੍ਰਧਾਨ ਮੰਤਰੀ ਆਵਾਸ




ਯੋਜਨਾ, ਸਵੱਛ ਭਾਰਤ ਮਿਸ਼ਨ, ਸਵੱਛ ਭਾਰਤ ਮਿਸ਼ਨ ਗ੍ਰਾਮੀਣ, ਜਲ ਜੀਵਨ ਮਿਸ਼ਨ, ਪੀ.ਐਮ.ਕੇ.ਐਸ.ਵਾਈ., ਮਿਡ ਡੇ ਮੀਲ ਸਕੀਮ, ਪ੍ਰਧਾਨ ਮੰਤਰੀ ਉਜਵਲਾ ਯੋਜਨਾ, ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ, ਨੈਸ਼ਨਲ ਹੈਲਥ ਮਿਸ਼ਨ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਸਮੱਗਰਾ ਸਿੱਖਿਆ ਅਭਿਆਨ, ਐਮ.ਪੀ.ਲੈਂਡ ਸਕੀਮ ਆਦਿ ਦੀ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ ਤੇ ਅਧਿਕਾਰੀਆਂ ਨੂੰ ਕਿਹਾ ਕਿ ਅਜੇ ਵੀ ਬਹੁਤ ਸਾਰੇ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਨਹੀਂ ਮਿਲ ਰਿਹਾ ਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਵਿਕਾਸ ਸਕੀਮਾਂ ਦਾ ਹਰ ਇਕ ਨਾਗਰਿਕ ਅਤੇ ਲੋੜਵੰਦ ਨੂੰ ਲਾਭ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੀਆਂ ਹਰ ਯੋਜਨਾਵਾਂ ਦਾ ਸਹੀ ਲੋਕਾਂ ਤੱਕ ਲਾਭ ਦਿੱਤਾ ਜਾਵੇ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਦੀ ਜਾਣਕਾਰੀ ਦਿੱਤੀ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੰਦੀਪ ਮਲਹੋਤਰਾ ਨੇ ਕਿਹਾ ਕਿ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੇਂਦਰ ਤੇ ਰਾਜ ਸਰਕਾਰ ਦੀਆਂ ਯੋਜਨਾਵਾਂ ਨੂੰ ਜਮੀਨੀ ਪੱਧਰ ਤੇ ਲਾਗੂ ਕਰਨ ਅਤੇ ਇਸ ਦਾ ਲਾਭ ਹਰੇਕ ਲੋੜਵੰਦ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਦਲੇਰ ਸਿੰਘ ਖਾਲਸਾ ਪੀ.ਏ, ਸ਼ਿਵਜੀਤ ਸਿੰਘ ਸੰਘਾ, ਉਪ ਜਿਲ੍ਹਾ ਸਿੱਖਿਆ ਅਫਸਰ ਪਵਨ ਕੁਮਾਰ, ਬਲਾਕ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

## ਬੈਲਜੀਅਮ ਦੇ ਗੁਰਦੁਆਰਾ ਸੰਗਤ ਸਾਹਿਬ ਵਿਖੇ ਜੂਨ 1984 ਦੀ ਯਾਦ ਵਿੱਚ ਜਾਣਕਾਰੀ ਬੋਰਡ ਸਥਾਪਤ

### ਵਿਦੇਸ਼ਾਂ ਚ ਨਵੀਂ ਪੀੜੀ ਨੂੰ ਅਪਣੇ ਇਤਿਹਾਸ ਨਾਲ ਜੋੜਨ ਦਾ ਉਸਾਰੂ ਕਦਮ-ਪੰਥਕ ਆਗੂ ਯੂਰਪ

ਵਰਲਡ ਪੰਜਾਬੀ ਟਾਈਮਜ਼ ਰਸ਼ਪਿੰਦਰ ਕੌਰ ਗਿੱਲ




ਸਿੰਟ ਟਰੂਡਨ (ਬੈਲਜੀਅਮ), 1 ਜੁਲਾਈ : ਬੈਲਜੀਅਮ ਦੇ ਸਿੰਟ ਟਰੂਡਨ ਸਥਿਤ ਗੁਰਦੁਆਰਾ ਸੰਗਤ ਸਾਹਿਬ ਦੀ ਪਾਰਕ ਵਿੱਚ ਜੂਨ 1984 ਦੀਆਂ ਘਟਨਾਵਾਂ ਦੀ 42ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਵਿਸ਼ੇਸ਼ ਜਾਣਕਾਰੀ ਬੋਰਡ ਸਥਾਪਤ ਕੀਤਾ ਗਿਆ। ਇਹ ਉਪਰਾਲਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ, ਸਮੂਹ ਸਾਧ ਸੰਗਤ ਅਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਕੀਤਾ ਗਿਆ।



ਇਸ ਮੌਕੇ ਯੂਰਪ ਦੀਆਂ ਸਮੂਹ ਪੰਥਕ ਜਥੇਬੰਦੀਆਂ ਨੇ ਗੁਰਦੁਆਰਾ ਸੰਗਤ ਸਾਹਿਬ ਦੀ ਪ੍ਰਬੰਧਕ ਕਮੇਟੀ, ਸਾਧ ਸੰਗਤ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਨੂੰ ਇਤਿਹਾਸਕ ਯਾਦ ਅਤੇ ਜਾਗਰੂਕਤਾ ਨੂੰ ਸੰਭਾਲਣ ਵੱਲ ਇੱਕ ਮਹੱਤਵਪੂਰਨ ਕਦਮ ਕਰਾਰ ਦਿੱਤਾ। ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਪਰਾਲਿਆਂ ਨੂੰ ਹੋਰ ਵਿਆਪਕ ਪੱਧਰ 'ਤੇ ਜਾਰੀ ਰੱਖਣ ਦੀ ਲੋੜ ਹੈ, ਤਾਂ ਜੋ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਨਾਲ ਜੁੜੀ ਰਹੇ।

ਗੁਰਦੁਆਰਾ ਪ੍ਰਬੰਧਕਾਂ ਅਨੁਸਾਰ ਬੋਰਡ ਵਿੱਚ ਜੂਨ 1984 ਨਾਲ ਸੰਬੰਧਿਤ ਘਟਨਾਵਾਂ ਅਤੇ ਉਸ ਸਮੇਂ ਦੇ ਇਤਿਹਾਸਕ ਪ੍ਰਸੰਗ ਦਾ ਵੇਰਵਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਦਾ ਮਕਸਦ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਘਟਨਾਵਾਂ ਬਾਰੇ ਜਾਣੂ ਕਰਵਾਉਣਾ ਅਤੇ ਇਤਿਹਾਸਕ ਯਾਦ ਨੂੰ ਸੰਭਾਲ ਕੇ ਰੱਖਣਾ ਹੈ।

ਸਮਾਗਮ ਦੌਰਾਨ ਬੁਲਾਰਿਆਂ ਨੇ ਜੂਨ 1984 ਦੀਆਂ ਘਟਨਾਵਾਂ ਦੌਰਾਨ ਸਮੁੱਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਹੋਰ ਸ਼ਹੀਦਾਂ ਨੂੰ ਵੀ ਸਤਿਕਾਰ ਸਹਿਤ ਯਾਦ ਕੀਤਾ ਗਿਆ।

ਇਸ ਕਾਰਜ ਲਈ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਰਘਬੀਰ ਸਿੰਘ ਕੋਹਾੜ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਪਿਰਥੀਪਾਲ ਸਿੰਘ ਪਟਵਾਰੀ, ਭਾਈ ਗੁਰਦਿਆਲ ਸਿੰਘ ਢਕਾਣਸੂ ਅਤੇ ਭਾਈ ਮਨਜੋਤ ਸਿੰਘ (ਗੈਂਟ) ਨੇ ਸ਼ਲਾਘਾ ਕੀਤੀ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਯੂਰਪ ਦੀਆਂ ਪੰਥਕ ਜਥੇਬੰਦੀਆਂ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਤਿਹਾਸ ਨਾਲ ਸੰਬੰਧਿਤ ਅਜਿਹੇ ਯਾਦਗਾਰੀ ਉਪਰਾਲੇ ਸਮਾਜ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕਾਰਜ ਜਾਰੀ ਰਹਿਣੇ ਚਾਹੀਦੇ ਹਨ।

## ਆਕਸਫ਼ੋਰਡ ਸਕੂਲ ਦੇ ਵਿਦਿਆਰਥੀਆਂ ਨੇ ਫਤਿਹਗੜ੍ਹ ਸਾਹਿਬ ਵਿਖੇ ਲਾਇਆ ਗੁਰਮਤਿ ਸਿੱਖਿਆ ਕੈਂਪ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ/ਬਾਜਾਖਾਨਾ, 1 ਜੁਲਾਈ : ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਭਗਤਾ ਭਾਈਕਾ, ਇੱਕ ਅਜਿਹੀ ਸੰਸਥਾ ਹੈ ਜੋ ਆਪਣੇ ਵਿਦਿਆਰਥੀਆਂ ਨੂੰ ਹਰ ਪੱਖ ਤੋਂ ਤਰਾਸ਼ਣ ਲਈ ਵਚਨਬੱਧ ਹੈ। ਜਿਸ ਕਾਰਨ ਇਸ ਸੰਸਥਾ ਦੇ ਵਿਦਿਆਰਥੀ ਅਜਿਹੇ ਹਰ ਖੇਤਰ ਦਾ ਹਿੱਸਾ ਬਣਦੇ ਹਨ ਜੋ ਵਿਦਿਆਰਥੀਆਂ ਵਿੱਚ ਮੌਲਿਕ ਅਤੇ ਨੈਤਿਕ ਗੁਣ ਭਰਨ ਦੇ ਨਾਲ ਨਾਲ ਸਮਾਜ ਅਤੇ ਦੇਸ਼ ਲਈ ਵੀ ਲਾਹੇਵੰਦ ਸਾਬਿਤ ਹੁੰਦੇ ਹਨ। ਇਸੇ ਤਹਿਤ ਇਸ ਸੰਸਥਾ ਦੇ ਵਿਦਿਆਰਥੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਸ੍ਰੀ ਫਤਿਹਗੜ੍ਹ ਸਾਹਿਬ ਵਿੱਚ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਲਾਏ ਗਏ ਗੁਰਮਤਿ ਸਿੱਖਿਆ ਕੈਂਪ ਦਾ ਹਿੱਸਾ ਬਣੇ। ਇਸ ਵਿਸ਼ੇਸ਼ ਸਿਖਲਾਈ ਕੈਂਪ ਦਾ ਆਕਸਫੋਰਡ ਸੰਸਥਾ ਦੇ 8 ਵਿਦਿਆਰਥੀਆਂ (ਛੇ ਲੜਕੀਆਂ, ਦੋ ਲੜਕੇ) ਨੇ ਵੀ ਇਸ ਅਮੋਲਕ ਸਮੇਂ ਦਾ ਲਾਭ ਉਠਾਇਆ, 22 ਜੂਨ 2026 ਤੋਂ 27 ਜੂਨ 2026 ਤੱਕ ਚੱਲੇ ਇਸ ਕੈਂਪ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਗੁਰਮਤਿ ਦੀ ਚਿਣਗ ਜਗਾਉਣਾ, ਉਹਨਾਂ ਦੇ ਬਹੁਪੱਖੀ



ਵਿਕਾਸ ਵਿੱਚ ਵਾਧਾ ਕਰਨਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਲਾਏ ਗਏ ਇਸ ਚੌਥੇ ਸਲਾਨਾ ਕੈਂਪ ਵਿੱਚ ਵਿਦਿਆਰਥੀਆਂ ਨੂੰ ਗੁਰਬਾਣੀ ਸੰਥਿਆ, ਗੁਰਮੁਖੀ ਅੱਖਰਕਾਰੀ, ਮੁਢਲੀ ਪੰਜਾਬੀ, ਦਸਤਾਰ, ਗਤਕਾ, ਆਈ.ਟੀ., ਦੀ ਸੂਝ ਸਪੋਕਨ ਇੰਗਲਿਸ਼, ਸ਼ਬਦ ਕੀਰਤਨ ਕਰਨਾ, ਭਾਸ਼ਣ ਕਲਾ ਦੀ ਸਿੱਖਿਆ ਦੇਣਾ ਆਦਿ ਬਾਰੇ ਬਹੁਮੁੱਲੀ ਜਾਣਕਾਰੀ ਦਿੱਤੀ ਗਈ। ਇਸ ਤੋਂ ਬਿਨਾਂ ਇਸ ਕੈਂਪ ਦੇ ਵਿਦਿਆਰਥੀਆਂ ਨੂੰ ਨੇੜਲੇ ਇਤਿਹਾਸਿਕ ਸਥਾਨਾਂ ਦੇ ਦਰਸ਼ਨ ਵੀ ਕਰਵਾਏ ਗਏ। ਕੈਂਪ ਦੇ ਅਖੀਰਲੇ ਦਿਨ ਸਾਰੇ ਵਿਦਿਆਰਥੀਆਂ ਨੂੰ ਗੁਰਮਤਿ ਕਿਤਾਬਾਂ ਅਤੇ ਸਰਟੀਫਿਕੇਟ ਵੀ ਤਕਸੀਮ ਕੀਤੇ ਗਏ। ਸਕੂਲ ਦੇ ਧਾਰਮਿਕ ਸਿੱਖਿਆ ਦੇ ਅਧਿਆਪਕ ਸ੍ਰੀਮਤੀ ਕੁਲਵਿੰਦਰ ਕੌਰ ਖਾਲਸਾ ਦੀ ਅਗਵਾਈ ਵਿੱਚ ਗਏ ਨੌਵੀਂ ਜਮਾਤ ਦੇ ਵਿਦਿਆਰਥੀ ਹਰਨਿਮਰਤ ਕੌਰ ਬਰਾੜ, ਜਸ਼ਨਪ੍ਰੀਤ ਕੌਰ ਸਿੱਧੂ ਸਮਰੀਤ ਕੌਰ ਅਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀ ਜੀਨਤ ਬਾਵਾ, ਜਸ਼ਨਪ੍ਰੀਤ ਕੌਰ ਸਿੱਧੂ, ਰਾਜਵਿੰਦਰ ਸਿੰਘ, ਮਨਿੰਦਰ ਸਿੰਘ ਅਤੇ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਜਸਮੀਨ ਕੌਰ ਵਾਪਸੀ ਸਮੇਂ ਬੜੇ ਹੀ ਉਤਸ਼ਾਹਿਤ ਨਜ਼ਰ ਆ ਰਹੇ ਸਨ। ਉਹਨਾਂ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਗੁਰਬਾਣੀ, ਗੁਰਮਤਿ ਸਿਧਾਂਤ, ਪੰਜਾਬੀ ਸਾਹਿਤ, ਇਤਿਹਾਸ ਅਤੇ ਮਰਿਆਦਾ ਸਬੰਧੀ ਚੇਤੰਨ ਹੋਣ ਲਈ ਅਜਿਹੇ ਗੁਰਮਤਿ ਸਿੱਖਿਆ ਕੈਂਪਾਂ ਵਿੱਚ ਜਰੂਰ ਹਿੱਸਾ ਲੈਣਾ ਚਾਹੀਦਾ ਹੈ, ਕਿਉਂਕਿ ਅਜਿਹੇ ਕੈਂਪ ਵਿਦਿਆਰਥੀ ਦੀ ਬੌਧਿਕਤਾ ਨੂੰ ਤਰਾਸ਼ਦੇ ਹਨ ਅਤੇ ਉਸ ਦੇ ਚਰਿੱਤਰ ਨੂੰ ਉੱਚਾ ਚੁੱਕਦੇ ਹਨ। ਸਾਰੇ ਵਿਦਿਆਰਥੀਆਂ ਨੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ (ਸਰਪੰਚ) ਅਤੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਦਾ ਅਥਾਹ ਧੰਨਵਾਦ ਕੀਤਾ, ਜਿਨਾਂ ਦੀ ਰਹਿਨੁਮਾਈ ਹੇਠ ਬੱਚੇ ਅਜਿਹੇ ਕੈਂਪਾਂ ਦਾ ਹਿੱਸਾ ਬਣਦੇ ਹਨ ਅਤੇ ਨੈਤਿਕ ਸਿੱਖਿਆ ਗ੍ਰਹਿਣ ਕਰਦੇ ਹੋਏ ਨੈਤਿਕ ਮੁੱਲਾਂ ਦੇ ਧਾਰਨੀ ਬਣਦੇ ਹਨ।